# ਇੰਨਐਕਟੀਵੇਟਿਡ ਇੰਨਫਲੂਐਨਜ਼ਾ (ਫਲੂ) ਵੈਕਸੀਨ

## Inactivated Influenza (Flu) Vaccine

### ਇੰਨਐਕਟੀਵੇਟਿਡ ਇੰਨਫਲੂਐਨਜ਼ਾ ਵੈਕਸੀਨ ਕੀ ਹੈ?

ਇੰਨਐਕਟੀਵੇਟਿਡ ਇੰਨਫਲੂਐਨਜ਼ਾ ਵੈਕਸੀਨ ਮਾਰੇ ਗਏ ਇੰਨਫਲੂਐਨਜ਼ਾ ਵਾਇਰਸਾਂ ਜਾਂ ਵਾਇਰਸਾਂ ਦੇ ਹਿੱਸਿਆਂ ਤੋਂ ਬਣਾਈ ਜਾਂਦੀ ਹੈ। ਇਹ ਇੰਨਫਲੂਐਨਜ਼ਾ ਵਾਇਰਸਾਂ ਤੋਂ ਵਿਗਾੜ ਵਿਰੁੱਧ ਰਖਿਆ ਕਰਦੀ ਹੈ ਅਤੇ ਟੀਕੇ ਦੁਆਰਾ ਦਿੱਤੀ ਜਾਂਦੀ ਹੈ। ਵੈਕਸੀਨ ਜ਼ੁਕਾਮਾਂ ਜਾਂ ਗੈਸਟ੍ਰੋਐਨਟੀਰਾਏਟਿਸ (ਉਲਟੀਆਂ ਅਤੇ ਦਸਤ) ਦਾ ਕਾਰਨ ਬਣਨ ਵਾਲੇ ਹੋਰ ਵਾਇਰਸਾਂ ਦੇ ਵਿਰੁੱਧ ਰੱਖਿਆ ਨਹੀਂ ਕਰਦੀ। ਬੀ.ਸੀ. ਵਿੱਚ ਕਈ ਵੱਖ-ਵੱਖ ਇਨਫਲੂਐਂਜ਼ਾ ਵੈਕਸੀਨ ਉਪਲਬਧ ਹਨ, ਜਿਸ ਵਿੱਚ ਕਮਜ਼ੋਰ ਇਨਫਲੂਐਨਜ਼ਾ ਵਾਇਰਸਾਂ ਤੋਂ ਬਣੀ ਲਾਈਵ ਐਟੇਨਿਊਏਟਿਡ ਇਨਫਲੂਐਨਜ਼ਾ ਵੈਕਸੀਨ ਸ਼ਾਮਲ ਹੈ ਜੋ ਕਿ ਨੱਕ ਰਾਹੀਂ ਸਪਰੇਅ ਵਜੋਂ ਦਿੱਤੀ ਜਾਂਦੀ ਹੈ। ਹੋਰ ਜਾਣਕਾਰੀ ਲਈ, HealthLinkBC File #12e ਲਾਇਵ ਅਟੈਨੁਏਟਿਡ ਇੰਨਫਲੂਐਨਜ਼ਾ (ਫਲੂ) ਵੈਕਸੀਨ ਦੇਖੋ। ਸਾਰੀਆਂ ਵੈਕਸੀਨਾਂ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹਨ।

ਬੀ. ਸੀ. ਵਿਚ, ਇੰਨਫਲੂਐਨਜ਼ਾ ਵੈਕਸੀਨਾਂ ਆਮਤੌਰ ਤੇ ਅਕਤੂਬਰ ਦੀ ਸ਼ੁਰੂਆਤ ਵਿੱਚ ਉਪਲਬਧ ਹੁੰਦੀਆਂ ਹਨ। ਆਪਣੀ ਸਭ ਤੋਂ ਵਧੀਆ ਸੁਰੱਖਿਆ ਲਈ, ਜਿੰਨੀ ਜਲਦੀ ਸੰਭਵ ਹੋਵੇ ਬੀਮਾਰੀ ਤੋਂ ਬਚਾਓ ਲਈ ਟੀਕਾ ਲਗਵਾਓ। ਤੁਸੀਂ ਬ੍ਰਿਟਿਸ਼ ਕੋਲੰਬੀਆ ਦੀ ਸਰਕਾਰ ਦੀ ਵੈੱਬਸਾਈਟ www2.gov.bc.ca/gov/content/health/managing-your-health/immunizations/flu/pun 'ਤੇ ਇਮਿਊਨਾਈਜ਼ੇਸ਼ਨ ਕਰਵਾਉਣ ਲਈ ਅਪਾਇੰਟਮੈਂਟ ਬੁੱਕ ਕਰਨ ਬਾਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹੋ।

### ਵੈਕਸੀਨ ਕਿਸ ਨੂੰ ਦਿੱਤੀ ਜਾਣੀ ਚਾਹੀਦੀ ਹੈ?

ਇਨਫਲੂਐਂਜ਼ਾ ਵੈਕਸੀਨਾਂ ਬਿਨਾਂ ਕਿਸੇ ਖਰਚੇ ਦੇ ਉਪਲਬਧ ਹਨ ਅਤੇ 6 ਮਹੀਨੇ ਅਤੇ ਇਸ ਤੋਂ ਵੱਧ ਉਮਰ ਦੇ ਹਰੇਕ ਲਈ ਸਿਫ਼ਾਰਸ਼ ਕੀਤੇ ਜਾਂਦੇ ਹਨ। ਅਜਿਹੇ ਲੋਕਾਂ ਵਾਸਤੇ ਖਾਸ ਕਰਕੇ ਇੰਨਫਲੂਐਨਜ਼ਾ ਵੈਕਸੀਨ ਦੀ ਸਿਫਾਰਸ਼ ਕੀਤੀ ਜਾਂਦੀ ਹੈ ਜਿੰਨ੍ਹਾਂ ਨੂੰ ਇੰਨਫਲੂਐਨਜ਼ਾ ਕਰਕੇ ਗੰਭੀਰ ਬਿਮਾਰੀ ਦਾ ਖਤਰਾ ਹੈ ਅਤੇ ਜਿਹੜੇ ਉੱਚ ਜੋਖਮ ਵਾਲੇ ਲੋਕਾਂ ਤੱਕ ਇੰਨਫਲੂਐਨਜ਼ਾ ਫੈਲਾਉਣ ਦੇ ਕਾਬਲ ਹਨ।

**ਇੰਨਫਲੂਐਨਜ਼ਾ ਕਰਕੇ ਗੰਭੀਰ ਬੀਮਾਰੀ ਦੇ ਜਿਆਦਾ ਖਤਰੇ ਵਾਲੇ ਲੋਕ ਜਿਸ ਵਿੱਚ ਸ਼ਾਮਲ ਹਨ:**

- 6 ਮਹੀਨੇ ਤੋਂ ਲੈਕੇ 5 ਸਾਲ ਤੋਂ ਘੱਟ ਉਮਰ ਦੇ ਬੱਚੇ
- ਗਰਭ ਦੇ ਕਿਸੇ ਵੀ ਪੜਾਅ ਤੇ ਗਰਭਵਤੀ ਲੋਕ
- 65 ਸਾਲ ਅਤੇ ਉਸ ਤੋਂ ਵੱਧ ਉਮਰ ਦੇ ਬਜ਼ੁਰਗ
- ਰਿਹਾਇਸ਼ੀ ਦੇਖਭਾਲ, ਸਹਾਇਕ ਰਹਿਣ ਸਹਿਣ (assisted living) ਜਾਂ ਦੂਸਰੀਆਂ ਸਮੂਹਕ ਸਹੂਲਤਾਂ ਵਿੱਚ ਰਹਿਣ ਵਾਲੇ ਕਿਸੇ ਵੀ ਉਮਰ ਦੇ ਨਿਵਾਸੀ
- ਕਿਸੇ ਮੈਡੀਕਲ ਅਵਸਥਾ ਕਰਕੇ ਸਮੇਂ ਦੀਆਂ ਲੰਮੀਆਂ ਮਿਆਦਾਂ ਲਈ ਐਸਪਰਿੰਨ® (Aspirin®) ਜਾਂ ਏਐਸਏ (ASA) ਲੈਣ ਦੀ ਲੋੜ ਵਾਲੇ ਬੱਚੇ ਅਤੇ ਕਿਸ਼ੋਰ
- ਕੁਝ ਖਾਸ ਮੈਡੀਕਲ ਅਵਸਥਾਵਾਂ ਵਾਲੇ ਬੱਚੇ ਅਤੇ ਬਾਲਗ, ਜਿੰਨਾਂ ਵਿੱਚ ਸ਼ਾਮਲ ਹਨ:
  - ਦਿਲ ਜਾਂ ਫੇਫੜਿਆਂ ਦੀਆਂ ਬੀਮਾਰੀਆਂ ਜਿੰਨ੍ਹਾਂ ਲਈ ਨੇਮਕ ਮੈਡੀਕਲ ਦੇਖਭਾਲ ਦੀ ਲੋੜ ਹੁੰਦੀ ਹੈ, ਜਿਵੇਂ ਕਿ ਦਮਾ, ਫੇਫੜਿਆਂ ਵਿਚ ਰੁਕਾਵਟ ਦੀ ਪੁਰਾਣੀ ਬੀਮਾਰੀ (chronic obstructive pulmonary disease) ਜਾਂ ਸਿਸਟਿਕ ਫਾਈਬ੍ਰੋਸਿਸ (cystic fibrosis)
  - ਗੁਰਦੇ ਦੀ ਬੀਮਾਰੀ, ਜਿਗਰ ਦੀ ਚਿਰਕਾਲੀ ਬੀਮਾਰੀ ਜਿਵੇਂ ਕਿ ਹੈਪੇਟਾਈਟਸ, ਡਾਇਬੀਟੀਜ਼, ਕੈਂਸਰ, ਅਨੀਮੀਆ, ਜਾਂ ਸਰੀਰ ਨੂੰ ਬੀਮਾਰੀ ਤੋਂ ਬਚਾਉਣ ਵਾਲੀ ਕਮਜ਼ੋਰ ਪ੍ਰਣਾਲੀ
  - ਸਿਹਤ ਸੰਬੰਧੀ ਅਜਿਹੀਆਂ ਅਵਸਥਾਵਾਂ ਵਾਲੇ ਲੋਕ ਜੋ ਸਾਹ ਲੈਣ ਜਾਂ ਨਿਗਲਣ, ਜਾਂ ਭੋਜਨ ਜਾਂ ਤਰਲ ਪਦਾਰਥਾਂ ਦੇ ਗਲੇ ਵਿਚ ਫਸਣ ਦੇ ਜੋਖਮ ਦਾ ਕਾਰਨ ਬਣਦੀਆਂ ਹਨ, ਜਿਵੇਂ ਕਿ ਤੀਬਰ ਦਿਮਾਗੀ ਨੁਕਸਾਨ, ਰੀੜ ਦੀ ਹੱਡੀ ਦੀ ਸੱਟ, ਦੌਰੇ ਜਾਂ ਨਿਊਰੋਮਸਕੂਲਰ (neuromuscular) ਬੀਮਾਰੀਆਂ ਵਾਲੇ ਲੋਕ
- ਉਹ ਬੱਚੇ ਅਤੇ ਬਾਲਗ ਜੋ ਬਹੁਤ ਮੋਟੇ ਹਨ

ਬਸਤੀਵਾਦ ਦੇ ਨਤੀਜੇ ਵਜੋਂ ਸਿਹਤ ਅਸਮਾਨਤਾਵਾਂ ਦੇ ਕਾਰਨ ਇੰਡਿਜਿਨਸ ਬੱਚੇ ਇਨਫਲੂਐਂਜ਼ਾ ਤੋਂ ਗੰਭੀਰ ਬਿਮਾਰੀ ਦੇ ਵਧੇ ਹੋਏ ਜੋਖਮ 'ਤੇ ਹੋ ਸਕਦੇ ਹਨ।

**ਉਹ ਲੋਕ ਜੋ ਇੰਨਫਲੂਐਨਜ਼ਾ ਕਰਕੇ ਗੰਭੀਰ ਬੀਮਾਰੀ ਦੇ ਜਿਆਦਾ ਖਤਰੇ ਵਾਲੇ ਲੋਕਾਂ ਤਕ ਇੰਨਫਲੂਐਨਜ਼ਾ ਦਾ ਸੰਚਾਰ ਕਰ ਸਕਣ ਜਾਂ ਫੈਲਾ ਸਕਣ ਦੇ ਕਾਬਲ ਹਨ, ਜਿਸ ਵਿਚ ਸ਼ਾਮਲ ਹਨ:**

- ਜਿਆਦਾ ਖਤਰੇ ਵਾਲੇ ਲੋਕਾਂ ਦੇ ਘਰੇਲੂ ਸੰਪਰਕ (ਬੱਚਿਆਂ ਸਮੇਤ)
- 5 ਸਾਲ ਤੋਂ ਘੱਟ ਉਮਰ ਦੇ ਬਚਿਆਂ ਦੇ ਘਰੇਲੂ ਸੰਪਰਕ, ਦੇਖਭਾਲ ਕਰਨ ਵਾਲੇ ਅਤੇ ਡੇਕੇਅਰ ਕਰਮਚਾਰੀ
- ਸਿਹਤ ਸੰਬੰਧੀ ਥਾਵਾਂ, ਜਿਸ ਵਿੱਚ ਲੌਂਗ-ਟਰਮ ਕੇਅਰ ਸੁਵਿਧਾਵਾਂ ਸ਼ਾਮਲ ਹਨ, ਵਿਚ ਕੰਮ ਕਰਨ ਵਾਲੇ ਡਾਕਟਰ, ਨਰਸਾਂ ਅਤੇ ਦੂਸਰੇ ਲੋਕ ਜਿੰਨਾਂ ਦਾ ਸੰਪਰਕ ਮਰੀਜ਼ਾਂ ਦੇ ਨਾਲ ਹੁੰਦਾ ਹੈ
- ਸਿਹਤ ਸੰਭਾਲ ਦੀਆਂ ਸਹੂਲਤਾਂ ਅਤੇ ਮਰੀਜ਼ਾਂ ਦੀ ਦੇਖਭਾਲ ਦੇ ਟਿਕਾਣਿਆਂ ਤੇ ਜਾਣ ਵਾਲੇ ਮਹਿਮਾਨ
- ਸੂਬਾਈ ਸੁਧਾਰਕ ਸੁਵਿਧਾਵਾਂ ਵਿੱਚ ਰਹਿਣ ਵਾਲੇ ਲੋਕ
- ਉਹ ਲੋਕ ਜੋ ਸੰਭਾਵੀ ਆਉਟਬ੍ਰੇਕ ਵਾਲੀਆਂ ਥਾਵਾਂ ਜਿਵੇਂ ਕਿ ਕਰੂਜ਼ ਸ਼ਿਪਾਂ, ਵਿੱਚ ਜਿਆਦਾ ਖਤਰੇ ਵਾਲੇ ਲੋਕਾਂ ਦੀ ਦੇਖਭਾਲ ਜਾਂ ਸੇਵਾ ਕਰਦੇ ਹਨ

**ਦੂਸਰੇ ਸਮੂਹ ਜਿੰਨ੍ਹਾਂ ਲਈ ਖਾਸ ਤੌਰ ਤੇ ਵੈਕਸੀਨ ਦੀ ਸਿਫਾਰਸ਼ ਕੀਤੀ ਜਾਂਦੀ ਹੈ ਵਿੱਚ ਸ਼ਾਮਲ ਹਨ:**

- ਉਹ ਲੋਕ ਜੋ ਜ਼ਰੂਰੀ ਕਮਿਊਨਿਟੀ ਸੇਵਾਵਾਂ ਮੁਹੱਈਆ ਕਰਦੇ ਹਨ ਜਿਵੇਂ ਕਿ ਪੁਲਿਸ ਅਫਸਰ, ਫਾਇਰਫਾਈਟਰ, ਐਮਬੁਲੈਂਸ ਅਟੈਂਡੰਟ ਅਤੇ ਕਰੈਕਸ਼ਨਜ਼ ਵਰਕਰ
- ਜ਼ਿੰਦਾ ਪੋਲਟਰੀ ਦੇ ਨਾਲ ਕੰਮ ਕਰਨ ਵਾਲੇ ਲੋਕ

## ਵੈਕਸੀਨ ਕਿਸ ਤਰ੍ਹਾਂ ਦਿੱਤੀ ਜਾਂਦੀ ਹੈ?

ਵੈਕਸੀਨ ਟੀਕੇ ਦੁਆਰਾ ਦਿੱਤੀ ਜਾਂਦੀ ਹੈ, ਆਮ ਤੌਰ 'ਤੇ 1 ਖੁਰਾਕ ਵਜੋਂ। 9 ਸਾਲ ਤੋਂ ਘੱਟ ਉਮਰ ਦੇ ਬੱਚੇ ਜਿਨ੍ਹਾਂ ਨੇ ਕਦੇ ਵੀ ਇਨਫਲੂਐਂਜ਼ਾ ਵੈਕਸੀਨ ਨਹੀਂ ਲਈ ਹੈ, ਨੂੰ 4 ਹਫ਼ਤਿਆਂ ਦੇ ਵਕਫ਼ੇ 'ਤੇ 2 ਖੁਰਾਕਾਂ ਦੀ ਲੋੜ ਹੁੰਦੀ ਹੈ। ਦੂਜੀ ਖੁਰਾਕ ਉਹਨਾਂ ਦੀ ਸੁਰੱਖਿਆ ਦੇ ਪੱਧਰ ਨੂੰ ਸੁਧਾਰਦੀ ਹੈ।

## ਵੈਕਸੀਨ ਲੈਣ ਦੇ ਕੀ ਲਾਭ ਹਨ?

ਵੈਕਸੀਨ ਇੰਨਫਲੂਐਨਜ਼ਾ, ਜੋ ਕਿ ਗੰਭੀਰ ਅਤੇ ਕਈ ਵਾਰੀ ਜਾਨਲੇਵਾ ਬੀਮਾਰੀ ਹੁੰਦੀ ਹੈ, ਦੇ ਵਿਰੁੱਧ ਰੱਖਿਆ ਕਰਨ ਦਾ ਸਭ ਤੋਂ ਵਧੀਆ ਤਰੀਕਾ ਹੈ।ਜਦੋਂ ਤੁਸੀਂ ਬੀਮਾਰੀਆਂ ਤੋਂ ਬਚਾਉਣ ਲਈ ਟੀਕੇ ਲਗਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਰੱਖਿਆ ਕਰਨ ਦੇ ਨਾਲ ਹੀ ਇੰਨਫਲੂਐਨਜ਼ਾ ਵਾਇਰਸ ਦੇ ਫੈਲਣ ਨੂੰ ਘਟਾਉਣ ਵਿੱਚ ਵੀ ਮਦਦ ਕਰਦੇ ਹੋ।

## ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਵੈਕਸੀਨ ਪ੍ਰਤੀ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ।ਦੂਸਰੇ ਲਛਣ, ਜੋ 1 ਤੋਂ 2 ਦਿਨਾਂ ਤਕ ਰਹਿ ਸਕਦੇ ਹਨ, ਵਿਚ ਸ਼ਾਮਲ ਹੋ ਸਕਦੇ ਹਨ:

- ਬੁਖਾਰ
- ਸਿਰਦਰਦ
- ਮਾਸਪੇਸ਼ੀਆਂ ਜਾਂ ਜੋੜਾਂ ਵਿੱਚ ਦਰਦ
- ਥਕਾਵਟ
- ਮਤਲੀ
- ਉਲਟੀਆਂ
- ਦਸਤ
- ਠੰਡ ਲਗਣਾ

ਨਿਆਣੇ ਅਤੇ ਛੋਟੇ ਬੱਚੇ ਚਿੜਚਿੜੇ, ਨਿੰਦਰਾਲੇ ਹੋ ਸਕਦੇ ਹਨ ਅਤੇ ਉਨ੍ਹਾਂ ਨੂੰ ਘੱਟ ਭੁੱਖ ਲਗ ਸਕਦੀ ਹੈ। 20 ਲੋਕਾਂ ਵਿੱਚੋਂ 1 ਤੋਂ ਘੱਟ ਲੋਕਾਂ ਨੂੰ ਓਕੂਲੋ-ਰੈਸਪੀਰੇਟਰੀ ਸਿੰਡਰੋਮ (ORS) ਹੋ ਸਕਦਾ ਹੈ।ORS ਦੇ ਲੱਛਣਾਂ ਵਿੱਚ ਲਾਲ ਅੱਖਾਂ, ਖਾਂਸੀ ਅਤੇ/ਜਾਂ ਗਲੇ ਵਿੱਚ ਦਰਦ ਅਤੇ/ਜਾਂ ਬੈਠੀ ਹੋਈ ਆਵਾਜ਼ ਸ਼ਾਮਲ ਹਨ।

ਇੰਨਐਕਟੀਵੇਟਿਡ ਇੰਨਫਲੂਐਨਜ਼ਾ ਵੈਕਸੀਨ ਤੁਹਾਨੂੰ ਇੰਨਫਲੂਐਨਜ਼ਾ ਨਹੀਂ ਦੇ ਸਕਦਾ ਕਿਉਂਕਿ ਇਸ ਵਿੱਚ ਲਾਈਵ ਇਨਫਲੂਐਂਜ਼ਾ ਵਾਇਰਸ ਨਹੀਂ ਹੁੰਦਾ।

> ਅਸੀਟਾਮੇਨੋਫੇਨ (Acetaminophen) (ਉਦਾਹਰਣ ਲਈ ਟਾਇਲੇਨੋਲ (Tylenol®) ਜਾਂ ਆਈਬਿਊਪ੍ਰੋਫੇਨ (ibuprofen*) (ਉਦਹਾਰਣ ਲਈ ਐਡਵਿਲ (Advil®) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ।ਏਐਸਏ (ASA) (ਉਦਹਾਰਣ ਲਈ ਐਸਪਰੀਨ (Aspirin®) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

* 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਪਹਿਲਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕੀਤੇ ਬਿਨਾਂ ਆਈਬਿਊਪ੍ਰੋਫੇਨ ਨਹੀਂ ਦਿੱਤੀ ਜਾਣੀ ਚਾਹੀਦੀ।

ਰਾਈ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ HealthLinkBC File #84 ਰਾਈ ਸਿੰਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ।ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ ਸੰਭਾਵਨਾ ਹੋ ਸਕਦੀ ਹੈ। ਵੈਕਸੀਨ ਲੈਣ ਵਾਲੇ 1 ਮਿਲੀਅਨ ਲੋਕਾਂ ਵਿੱਚੋਂ 1 ਤੋਂ ਵੀ ਘੱਟ ਲੋਕਾਂ ਵਿੱਚ ਅਜਿਹਾ ਹੁੰਦਾ ਹੈ। ਲੱਛਣਾਂ ਵਿੱਚ ਛਪਾਕੀ, ਸਾਹ ਲੈਣ ਵਿੱਚ ਮੁਸ਼ਕਲ, ਜਾਂ ਗਲੇ, ਜੀਭ ਜਾਂ ਬੁੱਲ੍ਹਾਂ ਦੀ ਸੋਜ ਸ਼ਾਮਲ ਹੋ ਸਕਦੀ ਹੈ। ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ।ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡਰੇਨੇਲਿੰਨ) ਦੇਣਾ ਅਤੇ ਐਂਬੂਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ। ਜੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਗੁਲਿਅਨ-ਬਾਰ ਸਿੰਡ੍ਰੋਮ (Guillain-Barré Syndrome, GBS) ਜੀਬੀਐਸ) ਇਕ ਅਜਿਹੀ ਵਿਰਲੀ ਅਵਸਥਾ ਹੈ ਜਿਸ ਦਾ ਨਤੀਜਾ ਸਰੀਰ ਦੀਆਂ ਮਾਸਪੇਸ਼ੀਆਂ ਦੀ ਕਮਜ਼ੋਰੀ ਅਤੇ ਲਕਵਾ ਹੋ ਸਕਦਾ ਹੈ।ਇਹ ਆਮਤੌਰ ਤੇ ਵਿਗਾੜ ਤੋਂ ਬਾਅਦ ਵਾਪਰਦੀ ਹੈ, ਪਰ ਵਿਰਲੇ ਕੇਸਾਂ ਵਿੱਚ ਇਹ ਕੁਝ ਵੈਕਸੀਨਾਂ ਤੋਂ ਬਾਅਦ ਵੀ ਵਾਪਰ ਸਕਦੀ ਹੈ।ਜੀਬੀਐਸ ਪ੍ਰਾਪਤ ਕਰਨ ਵਾਲੇ ਹਰੇਕ ਮਿਲੀਅਨ ਲੋਕਾਂ ਵਿੱਚੋਂ 1 ਵਿੱਚ ਇੰਨਫਲੂਐਨਜ਼ਾ ਵੈਕਸੀਨ ਦੇ ਨਾਲ ਸੰਬੰਧਿਤ ਹੋ ਸਕਦੀ ਹੈ।

ਹਮੇਸ਼ਾ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਗੰਭੀਰ ਜਾਂ ਅਚਾਨਕ ਪ੍ਰਤੀਕਰਮਾਂ ਦੀ ਰਿਪੋਰਟ ਕਰੋ।

ਇਨਫਲੂਐਨਜ਼ਾ ਵੈਕਸੀਨ ਲੈਣ ਤੋਂ ਬਾਅਦ, ਵੈਕਸੀਨ ਦੀ ਸੁਰੱਖਿਆ ਦੀ ਨਿਗਰਾਨੀ ਕਰਨ ਵਾਲੇ ਅਧਿਐਨ ਵਿੱਚ ਹਿੱਸਾ ਲੈਣ ਲਈ ਤੁਹਾਡੇ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਅਧਿਐਨ ਬਾਰੇ ਹੋਰ ਜਾਣਨ ਲਈ ਕਿਰਪਾ ਕਰਕੇ https://canvas-network.ca 'ਤੇ ਜਾਓ।

## ਵੈਕਸੀਨ ਕਿਸ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ?

ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ ਜੇ:

- ਤੁਹਾਨੂੰ ਇੰਨਫਲੂਐਨਜ਼ਾ ਵੈਕਸੀਨ ਦੀ ਪੂਰਵ ਖੁਰਾਕ ਜਾਂ ਵੈਕਸੀਨ ਦੇ ਕਿਸੇ ਅੰਸ਼ ਪ੍ਰਤੀ ਜਾਨ ਨੂੰ ਖਤਰੇ ਵਿੱਚ ਪਾਉਣ ਵਾਲੀ ਪ੍ਰਤੀਕਿਰਿਆ ਹੋਈ ਹੈ (ਅੰਡਿਆਂ ਪ੍ਰਤੀ ਐਲਰਜੀ ਵਾਲੇ ਲੋਕਾਂ ਦਾ ਸੁਰੱਖਿਅਤ ਢੰਗ ਨਾਲ ਟੀਕਾਕਰਣ ਕੀਤਾ ਜਾ ਸਕਦਾ ਹੈ)
- ਤੁਹਾਨੂੰ ਪੂਰਵ ਫਲੂ ਦੇ ਟੀਕੇ ਦੇ ਬਾਅਦ ਤੀਬਰ ਓਕੁਲੋ-ਰੈਸਪੀਰੇਟਰੀ ਸਿੰਡਰੋਮ ਹੋਇਆ ਹੈ
- ਤੁਹਾਨੂੰ ਕਿਸੇ ਵੀ ਇੰਨਫਲੂਐਨਜ਼ਾ ਵੈਕਸੀਨ ਪ੍ਰਾਪਤ ਕਰਨ ਦੇ 8 ਹਫਤਿਆਂ ਦੇ ਅੰਦਰ ਕਿਸੇ ਹੋਰ ਕਾਰਨ ਦੀ ਪਛਾਣ ਕੀਤੇ ਬਿਨਾਂ GBS ਵਿਕਸਤ ਹੋ ਗਿਆ

6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਵੈਕਸੀਨ ਨਹੀਂ ਦਿੱਤੀ ਜਾਣੀ ਚਾਹੀਦੀ ਕਿਉਂਕਿ ਉਸਦਾ ਇਸ ਉਮਰ ਤੇ ਪ੍ਰਭਾਵਸ਼ਾਲੀ ਹੋਣਾ ਗਿਆਤ ਨਹੀਂ ਹੈ।

ਜ਼ੁਕਾਮ ਜਾਂ ਕਿਸੇ ਹੋਰ ਹਲਕੀ ਬੀਮਾਰੀ ਕਰਕੇ ਬੀਮਾਰੀਆਂ ਤੋਂ ਬਚਾਉਣ ਵਾਲੇ ਟੀਕੇ ਲਗਵਾਉਣ ਨੂੰ ਟਾਲਣ ਦੀ ਲੋੜ ਨਹੀਂ ਹੈ। ਪਰ, ਜੇ ਤੁਹਾਡੀਆਂ ਕੁਝ ਚਿੰਤਾਵਾਂ ਹਨ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕਰੋ।

## ਇੰਨਫਲੂਐਨਜ਼ਾ ਕੀ ਹੈ?

ਇੰਨਫਲੂਐਨਜ਼ਾ, ਇੰਨਫਲੂਐਨਜ਼ਾ ਵਾਇਰਸ ਕਰਕੇ ਹੋਣ ਵਾਲਾ ਸਾਹ ਦੀ ਨਲੀ ਦੇ ਉਪਰੀ ਹਿੱਸੇ ਦਾ ਵਿਗਾੜ ਹੈ।ਇੰਨਫਲੂਐਨਜ਼ਾ ਵਾਲੇ ਵਿਅਕਤੀ ਨੂੰ ਵਾਇਰਲ ਜਾਂ ਬੈਕਟੀਰੀਅਲ ਨਿਮੋਨੀਆ, ਜੋ ਕਿ ਫੇਫੜਿਆਂ ਦਾ ਵਿਗਾੜ ਹੈ ਸਮੇਤ, ਦੂਸਰੇ ਵਿਗਾੜਾਂ ਦਾ ਖਤਰਾ ਹੈ।

ਇੰਨਫਲੂਐਨਜ਼ਾ ਖੰਘਣ, ਛਿੱਕਣ, ਜਾਂ ਆਮ੍ਹੋ-ਸਾਮ੍ਹਣੇ ਦੇ ਸੰਪਰਕ ਹੋਣ ਰਾਹੀਂ ਇੱਕ ਵਿਅਕਤੀ ਤੋਂ ਦੂਸਰੇ ਤਕ ਅਸਾਨੀ ਨਾਲ ਫੈਲਦਾ ਹੈ।ਇਹ ਵਾਇਰਸ ਉਸ ਵੇਲੇ ਵੀ ਫੈਲ ਸਕਦਾ ਹੈ ਜਦੋਂ ਤੁਸੀਂ ਦੂਸਰੇ ਵਿਅਕਤੀ ਜਾਂ ਚੀਜ਼ ਦੇ ਉਤੇ ਖਾਂਸੀ ਜਾਂ ਛਿਕ ਤੋਂ ਛੋਟੀਆਂ ਬੂੰਦਾਂ ਨੂੰ ਛੂਹੰਦੇ ਹੋ ਅਤੇ ਫਿਰ ਆਪਣੇ ਹਥਾਂ ਨੂੰ ਧੋਣ ਤੋਂ ਪਹਿਲਾਂ ਆਪਣੀਆਂ ਅੱਖਾਂ, ਮੂੰਹ ਜਾਂ ਨਕ ਨੂੰ ਛੂਹੰਦੇ ਹੋ।

## ਇੰਨਫਲੂਐਨਜ਼ਾ ਰੋਕਥਾਮ ਪਾਲਸੀ ਕੀ ਹੈ?

ਬੀ.ਸੀ. ਦੀ ਜ਼ਿਆਦਾ ਖਤਰੇ ਵਾਲੇ ਲੋਕਾਂ ਨੂੰ ਇੰਨਫਲੂਐਨਜ਼ਾ ਤੋਂ ਸੁਰਖਿਅਤ ਰੱਖਣ ਲਈ ਇੰਨਫਲੂਐਨਜ਼ਾ ਰੋਕਥਾਮ ਪਾਲਸੀ ਹੈ।ਸਿਹਤ ਦੇਖਭਾਲ ਕਰਮਚਾਰੀਆਂ ਨੂੰ ਇੰਨਫਲੂਐਨਜ਼ਾ ਦੇ ਮੌਸਮ ਵਿੱਚ ਇੰਨਫਲੂਐਨਜ਼ਾ ਵਿਰੁੱਧ ਟੀਕਾਕਰਨ ਕਰਵਾਉਣ ਜਾਂ ਮਰੀਜ਼ਾਂ ਦੀ ਦੇਖਭਾਲ ਵਾਲੇ ਖੇਤਰਾਂ ਵਿੱਚ ਹੋਣ ਦੌਰਾਨ ਮਾਸਕ ਪਹਿਨਣ ਦੀ ਲੋੜ ਹੈ।ਵਿਦਿਆਰਥੀਆਂ, ਵਲੰਟੀਅਰਾਂ ਅਤੇ ਸਿਹਤ ਦੀ ਦੇਖਭਾਲ ਦੀਆਂ ਸੁਵਿਧਾਵਾਂ ਅਤੇ ਮਰੀਜ਼ਾਂ ਦੀ ਦੇਖਭਾਲ ਵਾਲੇ ਦੂਸਰੇ ਸਥਾਨਾਂ ਵਿੱਚ ਆਉਣ ਵਾਲੇ ਮਹਿਮਾਨਾਂ ਤੋਂ ਇਹ ਆਸ ਵੀ ਕੀਤੀ ਜਾਂਦੀ ਹੈ ਕਿ ਉਹ ਮਾਸਕ ਪਾਉਣ ਜੇ ਉਨ੍ਹਾਂ ਨੇ ਇੰਨਫਲੂਐਨਜ਼ਾ ਵੈਕਸੀਨ ਨਹੀਂ ਲਈ ਹੈ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਪੇ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਣ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ।19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ

ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਇਨਕਾਰ ਕਰ ਸਕਦੇ ਹਨ। ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ ਦੇਖੋ।

## ਹੋਰ ਜਾਣਕਾਰੀ ਲਈ

ਹੋਰ ਜਾਣਕਾਰੀ ਲਈ, ਹੇਠਾਂ ਦਿੱਤੀਆਂ ਹੈਲਥਲਿੰਕਬੀਸੀ ਫਾਇਲਾਂ ਦੇਖੋ:

- HealthLinkBC File #12a ਬਜ਼ੁਰਗਾਂ ਨੂੰ ਇੰਨਐਕਟੀਵੇਟਿਡ ਇੰਨਫਲੂਐਨਜ਼ਾ (ਫਲੂ) ਵੈਕਸੀਨ ਕਿਉਂ ਲੈਣੀ ਚਾਹੀਦੀ ਹੈ
- HealthLinkBC File #12b ਇੰਨਐਕਟੀਵੇਟਿਡ ਇੰਨਫਲੂਐਨਜ਼ਾ (ਫਲੂ) ਵੈਕਸੀਨ ਬਾਰੇ ਤੱਥ
- HealthLinkBC File #12c ਇਨਫਲੂਐਂਜ਼ਾ (ਫਲੂ) ਇੰਮਿਊਨਾਈਜ਼ੇਸ਼ਨ: ਮਿਥਾਂ ਅਤੇ ਤੱਥ
- HealthLinkBC File #12e ਲਾਇਵ ਅਟੈਨੁਏਟਿਡ ਇੰਨਫਲੂਐਨਜ਼ਾ (ਫਲੂ) ਵੈਕਸੀਨ

ਇਮਿਊਨਾਈਜ਼ੇਸ਼ਨਾਂ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਇਮਿਊਨਾਈਜ਼ ਬੀਸੀ ਦੀ ਇਹ ਵੈੱਬਸਾਈਟ https://immunizebc.ca ਦੇਖੋ।

BRITISH COLUMBIA | ImmunizeBC | BC Centre for Disease Control Provincial Health Services Authority